OFFICE OF THE
COMMISSIONER OF POLICE,
LUDHIANA.

ਦਫਤਰ
ਕਮਿਸ਼ਨਰ ਪੁਲਿਸ
ਲੁਧਿਆਣਾ

English Branch
ਅੰਗਰੇਜੀ ਬ੍ਰਾਂਚ

ਹੁਕਮ

779-EMR

ਪੁਲਿਸ ਕਮਿਸ਼ਨਰੇਟ ਲੁਧਿਆਣਾ ਦੇ ਇਲਾਕਾਂ ਅੰਦਰ ਆਪ ਜਨਤਾ ਵੱਲੋ ਆਪਣੇ ਨਿੱਜੀ ਹੱਕਾਂ ਲਈ ਸਰਕਾਰ ਦੇ ਵਿਰੋਧ ਵਿੱਚ ਰੋਸ ਮੁਜਾਹਰੇ, ਧਰਨੇ, ਰੈਲੀਆ ਆਦਿ ਕੀਤੀਆ ਜਾਦੀਆ ਹਨ। ਅਜਿਹੇ ਰੋਸ ਮੁਜਾਹਰੇ, ਧਰਨੇ, ਰੈਲੀਆ ਆਦਿ ਵਿੱਚ ਕੁਝ ਸਮਾਜ ਵਿਰੋਧੀ ਅਨਸਰਾ ਵੱਲੋ ਮੌਕੇ ਦਾ ਫਾਇਦਾ ਉਠਾ ਕੇ ਕਿਸੇ ਅਣਸੁਖਾਵੀ ਘਟਨਾ ਨੂੰ ਅੰਜਾਮ ਦਿੱਤਾ ਜਾ ਸਕਦਾ ਹੈ। ਇਸ ਲਈ ਪਬਲਿਕ ਹਿੱਤ ਵਿੱਚ ਪੰਜ ਜਾਂ ਪੰਜ ਤੋ ਵੱਧ ਵਿਅਕਤੀਆਂ ਦੇ ਇਕੱਤਰ ਹੋਣ, ਰੋਸ ਮੁਜਾਹਰੇ, ਧਰਨੇ, ਜਲੂਸ ਵਗੈਰਾ ਤੇ ਪੂਰਨ ਤੌਰ ਤੇ ਮਨਾਹੀ ਦੇ ਹੁਕਮ ਜਾਰੀ ਕੀਤੇ ਜਾਣ ਦੀ ਜਰੂਰਤ ਹੈ।

ਸਿਵਲ ਰਿੱਟ ਪਟੀਸ਼ਨ ਨੰਬਰ 28061 ਆਫ 2017 ਵਿੱਚ ਮਾਨਯੋਗ ਅਦਾਲਤ ਵੱਲੋ ਜਾਰੀ ਹੁਕਮਾਂ ਅਨੁਸਾਰ ਰੋਸ ਮੁਜਾਹਰੇ/ਰੈਲੀਆਂ/ਧਰਨੇ/ਜਲੂਸ ਆਦਿ ਲਈ ਸੈਕਟਰ 39-ਏ, ਪੁੱਡਾ ਗਰਾਊਂਡ ਸਾਹਮਣੇ ਵਰਧਮਾਨ ਮਿੱਲ, ਚੰਡੀਗੜ੍ਹ ਰੋਡ, ਲੁਧਿਆਣਾ ਵਿਖੇ ਮੁਕਰਰ ਕੀਤੀ ਗਈ ਹੈ। ਇਸ ਜਗ੍ਹਾਂ ਪਰ ਵੀ ਜਲਨਸ਼ੀਲ ਪਦਾਰਥ, ਅਸਲਾ ਅਤੇ ਮਾਰੂ ਹਥਿਆਰ ਆਦਿ ਲੈ ਕੇ ਚੱਲਣ ਤੇ ਪੂਰਨ ਤੌਰ ਤੇ ਮਨਾਹੀ ਕੀਤੀ ਜਾਦੀ ਹੈ।

ਇਸ ਲਈ ਮੈ ਰੁਪਿੰਦਰ ਸਿੰਘ, ਪੀ.ਪੀ.ਐਸ, ਡਿਪਟੀ ਕਮਿਸ਼ਨਰ ਪੁਲਿਸ, ਸਥਾਨਕ, ਲੁਧਿਆਣਾ ਜਾਬਤਾ ਫੌਜਦਾਰੀ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਸੌਂਪੇ ਗਏ ਅਧਿਕਾਰਾ ਦੀ ਵਰਤੋ ਕਰਦਾ ਹੋਇਆ ਪਬਲਿਕ ਹਿੱਤ ਵਿੱਚ ਪੁਲਿਸ ਕਮਿਸ਼ਨਰੇਟ, ਲੁਧਿਆਣਾ ਦੇ ਏਰੀਆ ਵਿੱਚ ਪੰਜ ਜਾਂ ਪੰਜ ਤੋ ਵੱਧ ਵਿਅਕਤੀਆਂ ਦੇ ਇਕੱਤਰ ਹੋਣ, ਰੋਸ ਮੁਜਾਹਰੇ, ਧਰਨੇ, ਜਲੂਸ ਵਗੈਰਾ ਦਾ ਇਕੱਠ ਕਰਨ, ਅਜਿਹੇ ਇਕੱਠ ਵਿੱਚ ਜਲਨਸ਼ੀਲ ਪਦਾਰਥ, ਅਸਲਾ ਅਤੇ ਮਾਰੂ ਹਥਿਆਰ ਆਦਿ ਲੈ ਕੇ ਚੱਲਣ ਅਤੇ ਉਪਰੋਕਤ ਮੁਕੱਰਰ ਕੀਤੀ ਗਈ ਜਗ੍ਹਾਂ ਤੋ ਇਲਾਵਾ ਬਿਨ੍ਹਾਂ ਮੰਨਜੂਰੀ ਰੋਸ ਮੁਜਾਹਰੇ/ਧਰਨੇ/ਜਲੂਸ/ਰੈਲੀਆਂ ਆਦਿ ਕਰਨ ਤੇ ਮਨਾਹੀ ਦੇ ਹੁਕਮ ਜਾਰੀ ਕਰਦਾ ਹਾਂ। ਇਹ ਹੁਕਮ ਜਾਰੀ ਹੋਣ ਦੀ ਮਿਤੀ ਤੋ ਅਗਲੇ ਦੋ ਮਹੀਨੇ ਤੱਕ ਲਾਗੂ ਰਹਿਣਗੇ।

ਇਹ ਹੁਕਮ ਲਾਗੂ ਕਰਨ ਲਈ ਜਿਲ੍ਹਾ ਲੋਕ ਸਪੰਰਕ ਵਿਭਾਗ ਲੁਧਿਆਣਾਂ ਦੀ ਵਹੀਕਲ ਰਾਹੀ ਪ੍ਰਚਾਰ ਕਰਕੇ ਆਮ ਪਬਲਿਕ ਨੂੰ ਸੂਚਿਤ ਕੀਤਾ ਜਾਵੇਗਾ। ਇਸ ਹੁਕਮ ਦੀਆਂ ਕਾਪੀਆਂ ਨੋਟਿਸ ਬੋਰਡਾਂ ਤੇ ਅਤੇ ਪੁਲਿਸ ਕਮਿਸ਼ਨਰੇਟ ਲੁਧਿਆਣਾਂ ਦੀਆਂ ਉੱਘੀਆਂ ਥਾਵਾਂ ਤੇ ਆਮ ਪਬਲਿਕ ਦੀ ਜਾਣਕਾਰੀ ਲਈ ਲਗਾਈਆਂ ਜਾਣਗੀਆਂ।

ਇਹ ਹੁਕਮ ਅੱਜ ਮਿਤੀ 19/12/23 ਨੂੰ ਮੇਰੇ ਦਸਤਖਤਾ ਅਤੇ ਮੋਹਰ ਹੇਠ ਜਾਰੀ ਕੀਤਾ ਗਿਆ ਹੈ।

ਰੁਪਿੰਦਰ ਸਿੰਘ, ਪੀ.ਪੀ.ਐਸ,
ਡਿਪਟੀ ਕਮਿਸ਼ਨਰ ਪੁਲਿਸ,
ਸਥਾਨਕ, ਲੁਧਿਆਣਾ।

ਨੰਬਰ 164862-932/ਈਸੀ-3 ਮਿਤੀ 19/12/23

ਉਤਾਰਾ :-
1. ਜਿਲਾ ਅਤੇ ਸੈਸ਼ਨ ਜੱਜ ਲੁਧਿਆਣਾਂ।
2 ਡਿਪਟੀ ਕਮਿਸ਼ਨਰ, ਲੁਧਿਆਣਾ
3 ਕਮਿਸ਼ਨਰ, ਨਗਰ ਨਿਗਮ, ਲੁਧਿਆਣਾਂ।
4 ਜਿਲਾ ਲੋਕ ਸਪੰਰਕ ਅਫਸਰ, ਲੁਧਿਆਣਾ ਅਤੇ ਸਮੂਹ ਪ੍ਰੈਸ
5. ਸਮੂਹ ਗਜਟਿਡ ਅਫਸਰ ਅਤੇ ਮੁੱਖ ਅਫਸਰ ਥਾਣਾ ਜਾਤ ਅਤੇ ਡੀ.ਸੀ.ਆਰ, ਲੁਧਿਆਣਾਂ।
-ਪਾਸ ਸੂਚਨਾ ਅਤੇ ਲੋੜੀਦੀ ਕਾਰਵਾਈ ਹਿੱਤ

ਰੁਪਿੰਦਰ ਸਿੰਘ, ਪੀ.ਪੀ.ਐਸ,
ਡਿਪਟੀ ਕਮਿਸ਼ਨਰ ਪੁਲਿਸ,
ਸਥਾਨਕ, ਲੁਧਿਆਣਾ।

Dy. Commissioner of Police,
(Headquarters), Ludhiana